# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 06-11-2024**

ਪੰਜਾਬ ਵਿਚ ਝੋਨੇ ਦੀ ਖਰੀਦ ਨੇ 100 ਲੱਖ ਮੀਟ੍ਰਿਕ ਟਨ ਦਾ ਅੰਕੜਾ ਪਾਰ ਕਰ ਲਿਆ ਏ । ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅੰਕੜਿਆਂ ਮੁਤਾਬਕ 5 ਨਵੰਬਰ ਤੱਕ ਸੂਬੇ ਦੀਆਂ ਮੰਡੀਆਂ ਵਿਚ 110.89 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ, ਜਿਸ ਵਿਚੋਂ 105.09 ਲੱਖ ਮੀਟ੍ਰਿਕ ਟਨ ਫਸਲ ਦੀ ਖਰੀਦ ਹੋ ਚੁੱਕੀ ਏ। ਫਸਲ ਦੀ ਅਦਾਇਗੀ ਲਈ 22 ਹਜ਼ਾਰ 47 ਕਰੋੜ ਰੁਪਏ ਜਾਰੀ ਕੀਤੇ ਜਾ ਚੁੱਕੇ ਨੇ। ਝੋਨੇ ਦੀ ਆਮਦ ਵਿੱਚ ਹੁਣ ਤੱਕ ਪਟਿਆਲਾ ਜ਼ਿਲ੍ਹਾ ਮੋਹਰੀ ਹੈ ਜਿੱਥੇ 9.42 ਲੱਖ ਮੀਟ੍ਰਿਕ ਟਨ ਫਸਲ ਪਹੁੰਚੀ ਹੈ। ਇਸ ਤੋਂ ਬਾਅਦ ਫਿਰੋਜ਼ਪੁਰ (8.14 ਲੱਖ ਮੈਟ੍ਰਿਕ ਟਨ), ਤਰਨ ਤਾਰਨ (7.26 ਲੱਖ ਮੈਟ੍ਰਿਕ ਟਨ), ਜਲੰਧਰ 7.16 ਲੱਖ ਮੈਟ੍ਰਿਕ ਟਨ ਤੇ ਸੰਗਰੂਰ 7.10 ਲੱਖ ਮੈਟ੍ਰਿਕ ਟਨ ਸ਼ਾਮਲ ਏ। ਓਧਰ ਬਰਨਾਲਾ ਦੇ ਡਿਪਟੀ

ਕਮਿਸ਼ਨਰ ਪੂਨਮਦੀਪ ਕੌਰ ਨੇ ਦੱਸਿਆ ਏ ਕਿ ਰੋਜ਼ਾਨਾ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿਚ ਕੋਈ ਮੁਸ਼ਕਿਲ ਪੇਸ਼ ਨਾ ਆਵੇ । ਉਹਨਾਂ ਕਿਹਾ ਕਿ ਫ਼ਸਲ ਦੀ ਚੁਕਾਈ ਵੀ ਲਗਾਤਾਰ ਕਰਵਾਈ ਜਾ ਰਹੀ ਏ। ਉਨ੍ਹਾਂ ਦੱਸਿਆ ਕਿ 4 ਨਵੰਬਰ ਤੱਕ ਜ਼ਿਲ੍ਹੇ ਦੀਆਂ ਵੱਖ-ਵੱਖ ਮੰਡੀਆਂ ਵਿਚ ਕੁੱਲ 3 ਲੱਖ 30 ਹਜ਼ਾਰ 471 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ। ਇਸ ਵਿਚੋਂ ਹੁਣ ਤਕ ਕੁੱਲ 2 ਲੱਖ 73 ਹਜ਼ਾਰ 899 ਮੀਟ੍ਰਿਕ ਟਨ ਫ਼ਸਲ ਖ਼ਰੀਦੀ ਗਈ ਏ।

---------------------------------------------------------------

ਪੰਜਾਬ ਕਾਊਂਟਰ ਇੰਟੈਲੀਜੈਂਸ ਤੇ ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਸਾਂਝੇ ਆਪ੍ਰੇਸ਼ਨ ਵਿਚ ਬੱਬਰ ਖਾਲਸਾ ਇੰਟਰਨੈਸ਼ਨਲ ਦੇ ਚਾਰ ਮੈਂਬਰਾਂ ਨੂੰ ਗ੍ਰਿਫਤਾਰ ਕੀਤਾ ਏ। ਇਸ ਬਾਰੇ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਜਸਵਿੰਦਰ ਸਿੰਘ ਉਰਫ਼ ਬਿੰਦਰ ਵਾਸੀ ਬੂਥਗੜ੍ਹ ਜ਼ਿਲ੍ਹਾ ਲੁਧਿਆਣਾ, ਰਵਿੰਦਰ ਪਾਲ ਸਿੰਘ ਉਰਫ਼ ਰਵੀ, ਮਨੀਸ਼ ਸਾਹਿਦ ਉਰਫ਼ ਸੰਜੂ ਤੇ ਅਨਿਲ ਕੁਮਾਰ ਉਰਫ਼ ਹਨੀ ਤਿੰਨੋਂ

ਵਾਸੀ ਰਾਹੋਂ ਜ਼ਿਲ੍ਹਾ ਨਵਾਂਸ਼ਹਿਰ ਵਜੋਂ ਹੋਈ ਏ। ਉਹਨਾਂ ਦੱਸਿਆ ਕਿ ਪੁਲਿਸ ਨੇ ਅਪਰਾਧ ਲਈ ਵਰਤਿਆ ਗਿਆ ਇਕ ਮੋਟਰਸਾਈਕਲ ਤੇ ਦੋ ਮੋਬਾਈਲ ਫੋਨ ਵੀ ਬਰਾਮਦ ਕੀਤੇ ਨੇ। ਗੌਰਵ ਯਾਦਵ ਨੇ ਸੋਸ਼ਲ ਮੀਡੀਆ ’ਤੇ ਇਕ ਪੋਸਟ ਜ਼ਰੀਏ ਦੱਸਿਆ ਕਿ ਇਸ ਆਪ੍ਰੇਸ਼ਨ ਨਾਲ 16 ਅਕਤੂਬਰ 2024 ਨੂੰ ਯੋਗੇਸ਼ ਬਖਸ਼ੀ ਦੀ ਰਿਹਾਇਸ਼ ’ਤੇ ਹਮਲਾ ਤੇ ਹਾਲ ਹੀ ਵਿਚ 2 ਨਵੰਬਰ 2024 ਨੂੰ ਮਾਡਲ ਟਾਊਨ ਐਕਸਟੈਨਸ਼ਨ ਲੁਧਿਆਣਾ ਵਿਚ ਹਰਕੀਰਤ ਸਿੰਘ ਖੁਰਾਣਾ ਦੇ ਘਰ ’ਤੇ ਹੋਏ ਹਮਲੇ ਸਮੇਤ ਸ਼ਿਵ ਸੈਨਾ ਆਗੂਆਂ ਨੂੰ ਨਿਸ਼ਾਨਾ ਬਣਾਉਣ ਵਾਲੇ ਪੈਟਰੋਲ ਬੰਬ ਦੀਆਂ ਦੋਵੇਂ ਘਟਨਾਵਾਂ ਨੂੰ ਸਫਲਤਾਪੂਰਵਕ ਹੱਲ ਕਰ ਲਿਆ ਏ।

---------------------------------------------------------------

ਹੁਸ਼ਿਆਰਪੁਰ ਦੀ ਸੀ.ਆਈ.ਏ. ਟੀਮ ਨੇ ਸਕੂਟਰ ਸਵਾਰ ਇਕ ਔਰਤ ਕੋਲੋਂ ਵੱਡੀ ਮਾਤਰਾ ਵਿਚ ਵਿਦੇਸ਼ੀ ਕਰੰਸੀ ਨੋਟ ਬਰਾਮਦ ਕੀਤੇ ਨੇ। ਬਾਅਦ ਵਿਚ ਉਸ ਦੇ ਘਰ ਦੀ ਤਲਾਸ਼ੀ ਦੌਰਾਨ ਵੀ ਵੱਖ-ਵੱਖ ਦੇਸ਼ਾਂ ਦੇ ਕਰੰਸੀ ਨੋਟ ਬਰਾਮਦ ਹੋਏ। ਪੁਲਸ ਨੇ ਉਕਤ ਔਰਤ ਤੇ ਉਸ ਦੇ ਪਤੀ ਨੂੰ ਹਿਰਾਸਤ 'ਚ ਲੈ ਲਿਆ ਏ। ਸੀ.ਆਈ.ਏ. ਪੁਲਿਸ ਨੇ

ਡੀਐਸਪੀ (ਡੀ) ਆਤਿਸ਼ ਭਾਟੀਆ ਦੀ ਅਗਵਾਈ ਵਿਚ ਉਸ ਕੋਲੋਂ ਯੂਰੋ, ਪੌਂਡ ਤੇ ਡਾਲਰ (ਕਰੀਬ 16 ਲੱਖ ਰੁਪਏ), ਕੈਨੇਡੀਅਨ ਡਾਲਰ 4200, ਅਮਰੀਕਨ ਡਾਲਰ 283, 14.5 ਲੱਖ ਰੁਪਏ ਦੇ ਭਾਰਤੀ ਕਰੰਸੀ ਨੋਟ, 1.5 ਲੱਖ ਰੁਪਏ ਦੇ ਭਾਰਤੀ ਕਰੰਸੀ ਦੇ ਸਿੱਕੇ ਬਰਾਮਦ ਕੀਤੇ ਹਨ। ਬਰਾਮਦਗੀ ਤੋਂ ਬਾਅਦ ਪੁਲਿਸ ਨੇ ਉਕਤ ਔਰਤ ਤੇ ਉਸ ਦੇ ਪਤੀ ਨੂੰ ਹਿਰਾਸਤ 'ਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

---------------------------------------------------

ਪੰਜਾਬ ਨੂੰ ਕੂੜਾ ਮੁਕਤ ਕਰਨ ਦੇ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਖੰਨਾ ਸ਼ਹਿਰ ਤੋਂ ਕੀਤੀ ਜਾ ਰਹੀ ਏ । ਇਸ ਮੰਤਵ ਲਈ ਪੰਜਾਬ ਸਰਕਾਰ ਵਲੋਂ 4 ਕਰੋੜ 08 ਲੱਖ 12 ਹਜ਼ਾਰ 850 ਰੁਪਏ ਜਾਰੀ ਕੀਤੇ ਗਏ ਨੇ । 1 ਦਸੰਬਰ 2024 ਤੋਂ ਇਸ ਪ੍ਰੋਜੈਕਟ ਦੀ ਸ਼ੁਰੂਆਤ ਇਕ ਸਾਲ ਲਈ ਕੀਤੀ ਜਾ ਰਹੀ ਏ । ਇਸ ਪਾਇਲਟ ਪ੍ਰੋਜੈਕਟ ਦੀ ਕਾਮਯਾਬੀ ਤੋਂ ਬਾਅਦ ਇਸ ਨੂੰ ਪੰਜਾਬ ਦੇ ਹੋਰਨਾਂ ਖੇਤਰਾਂ ਵਿਚ ਵੀ ਸ਼ੁਰੂ ਕੀਤਾ ਜਾਵੇਗਾ । ਉਦਯੋਗ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ ਨੂੰ ਕੂੜਾ ਮੁਕਤ

ਕਰਨ ਲਈ ਯਤਨਸ਼ੀਲ ਏ ਤੇ ਇਸ ਮਕਸਦ ਦੀ ਪੂਰਤੀ ਲਈ ਪੰਜਾਬ ਦਾ ਪਹਿਲਾ ਪਾਇਲਟ ਪ੍ਰੋਜੈਕਟ ਖੰਨਾ ਸ਼ਹਿਰ ਤੋਂ ਸ਼ੁਰੂ ਕੀਤਾ ਜਾ ਰਿਹਾ ਏ।

---------------------------------------------------

ਪੰਜਾਬ ਸਮੇਤ ਉਤਰੀ ਭਾਰਤ ਵਿਚ ਹਵਾ ਪ੍ਰਦੂਸ਼ਣ ਖਤਰਨਾਕ ਪੱਧਰ 'ਤੇ ਪਹੁੰਚ ਰਿਹਾ ਏ। ਪੰਜਾਬ ਦੇ 6 ਸ਼ਹਿਰ ਆਮ ਨਾਲੋਂ 6 ਗੁਣਾ ਵੱਧ ਪ੍ਰਦੂਸ਼ਿਤ ਨੇ । ਪਹਿਲਾਂ ਪਰਾਲੀ ਦੇ ਧੂੰਏਂ ਤੇ ਹੁਣ ਪਟਾਕਿਆਂ ਤੋਂ ਨਿਕਲਣ ਵਾਲੇ ਜ਼ਹਿਰੀਲੇ ਧੂੰਏਂ ਨੇ ਸਾਹ ਲੈਣਾ ਔਖਾ ਕਰ ਦਿੱਤਾ ਏ। ਡਾਕਟਰਾਂ ਕੋਲ ਸਾਹ ਲੈਣ ਵਿਚ ਤਕਲੀਫ਼ ਅਤੇ ਐਲਰਜੀ ਦੇ ਕੇਸਾਂ ਦੀ ਗਿਣਤੀ ਵਿਚ 10 ਗੁਣਾ ਵਾਧਾ ਹੋਇਆ ਏ। ਇਕ ਦਿਨ ਦੀ ਰਾਹਤ ਤੋਂ ਬਾਅਦ ਅੰਮ੍ਰਿਤਸਰ ਵਿਚ ਫਿਰ ਵਧ ਪ੍ਰਦੂਸ਼ਣ ਦਰਜ ਕੀਤਾ ਗਿਆ ਏ। ਇਥੇ ਵੱਧ ਤੋਂ ਵੱਧ ਪ੍ਰਦੂਸ਼ਣ ਦਾ ਪੱਧਰ 397 ਤੱਕ ਪਹੁੰਚ ਗਿਆ ਏ। ਇਸ ਦੇ ਨਾਲ ਹੀ ਚੰਡੀਗੜ੍ਹ ਦਾ ਸਭ ਤੋਂ ਵੱਧ ਹਵਾ ਗੁਣਵੱਤਾ ਸੂਚਕ ਅੰਕ 335 ਦਰਜ ਕੀਤਾ ਗਿਆ ਏ।

-----------------------------------------------------------

ਭਾਸ਼ਾ ਵਿਭਾਗ ਪੰਜਾਬ ਵਲੋਂ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ-ਪ੍ਰਸਾਰ ਲਈ ਮਨਾਏ ਜਾਣ ਵਾਲੇ ਪੰਜਾਬੀ ਮਹੀਨੇ ਦਾ ਅਗਾਜ਼ ਭਾਸ਼ਾ ਭਵਨ ਪਟਿਆਲਾ ਵਿਖੇ ਇਕ ਸਮਾਗਮ ਦੌਰਾਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਲਈ ਨਿੱਜੀ ਤੌਰ ’ਤੇ ਦਿਲਚਸਪੀ ਦਿਖਾਈ ਜਾ ਰਹੀ ਏ, ਜਿਸ ਤਹਿਤ ਸਰਕਾਰ ਵਲੋਂ ਭਾਸ਼ਾ ਵਿਭਾਗ ਵਲੋਂ ਕੀਤੇ ਜਾ ਰਹੇ ਉਪਰਾਲਿਆਂ ਨੂੰ ਹਰ ਤਰ੍ਹਾਂ ਦੀ ਹੱਲਾਸ਼ੇਰੀ ਦਿੱਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਭਾਵੇਂ ਜਿੰਨੇ  ਮਰਜੀ ਡਿਜੀਟਲ ਸੰਚਾਰ ਸਾਧਨ ਆ ਜਾਣ, ਪਰ ਪੁਸਤਕ ਹਮੇਸ਼ਾ ਹੀ ਮਨੁੱਖ ਨੂੰ ਹਰ ਖੇਤਰ ’ਚ ਸੱਚੇ ਸਾਥੀ ਵਾਂਗ ਭੂਮਿਕਾ ਨਿਭਾਉਂਦੀ ਰਹੇਗੀ। ਇਸ ਕਰਕੇ ਸਾਨੂੰ ਆਪਣੇ ਬੱਚਿਆਂ ਨੂੰ ਪੁਸਤਕ ਸੱਭਿਆਚਾਰ ਨਾਲ ਜੋੜਕੇ ਰੱਖਣਾ ਚਾਹੀਦਾ ਹੈ। ਇਸ ਮੌਕੇ ਸਾਲ 2021 ਤੋਂ 2024 ਨਾਲ ਸਬੰਧਤ ਪੰਜਾਬੀ ਦੀਆਂ ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਨੂੰ ਸਨਮਾਨਿਤ ਕੀਤਾ ਗਿਆ।

-----------------------------------------------------------------------

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵਲੋਂ ਜ਼ਿਲ੍ਹਾ ਫਰੀਦਕੋਟ ਵਿਚ ਖਾਦ ਨਾਲ ਸੰਬੰਧਤ ਦੁਕਾਨਾਂ ਤੇ ਗੋਦਾਮਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ । ਜਿਸ ਦੀ ਅਗਵਾਈ ਖੇਤੀਬਾੜੀ ਅਫਸਰ ਡਾ ਗੁਰਪ੍ਰੀਤ ਸਿੰਘ ਵੱਲੋਂ ਕੀਤੀ ਗਈ । ਇਸ ਸਬੰਧੀ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਡੀਲਰਾਂ ਵੱਲੋਂ ਕਿਸਾਨਾਂ ਨੂੰ ਜੋ ਵੀ ਖੇਤੀ ਸਮੱਗਰੀ ਵੇਚੀ  ਜਾਂਦੀ ਹੈ , ਉਸ ਦਾ ਪੱਕਾ ਬਿੱਲ ਕੱਟ ਕੇ ਦਿੱਤਾ ਜਾਵੇ ਤੇ ਕੇਵਲ ਲੋੜੀਂਦੀ ਸਮੱਗਰੀ ਹੀ ਕਿਸਾਨਾਂ ਨੂੰ ਵੇਚੀ ਜਾਵੇ । ਉਨ੍ਹਾਂ ਕਿਹਾ ਕਿ ਚੈਕਿੰਗ ਦੌਰਾਨ ਜੇਕਰ ਕੋਈ ਦੁਕਾਨਦਾਰ ਬਗੈਰ ਬਿੱਲ ਤੋਂ ਖਾਦ, ਦਵਾਈ ਜਾਂ ਬੀਜ ਵੇਚਦਾ ਪਾਇਆ ਗਿਆ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ।